# ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਯੂਕਰੇਨ ਦੇ ਰਾਸ਼ਟਰਪਤੀ ਨਾਲ ਗੱਲ ਕੀਤੀ

ਮਾਰਚ 20, 2024

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਅੱਜ ਯੂਕਰੇਨ ਦੇ ਰਾਸ਼ਟਰਪਤੀ, ਮਹਾਮਹੀਮ ਸ਼੍ਰੀ ਵੋਲੋਡੀਮੀਰ ਜ਼ੇਲੇਨਸਕੀ ਨਾਲ ਟੈਲੀਫੋਨ 'ਤੇ ਗੱਲਬਾਤ ਹੋਈ।

ਦੋਵੇਂ ਨੇਤਾਵਾਂ ਨੇ ਵੇਖੋ-ਵੱਖਰੇ ਖੇਤਰਾਂ ਵਿੱਚ ਭਾਰਤ-ਯੂਕਰੇਨ ਸਾਂਝੇਦਾਰੀ ਨੂੰ ਹੋਰ ਜਿਆਦਾ ਮਜਬੂਤ ਕਰਨ ਬਾਰੇ ਚਰਚਾ ਕੀਤੀ।

ਚੱਲ ਰਹੇ ਰੂਸ-ਯੂਕਰੇਨ ਸੰਘਰਸ਼ ਬਾਰੇ ਚਰਚਾ ਕਰਦਿਆਂ, ਪ੍ਰਧਾਨ ਮੰਤਰੀ ਨੇ ਭਾਰਤ ਦੇ ਲੋਕ-ਕੇਂਦ੍ਰਿਤ ਦ੍ਰਿਸ਼ਟੀਕੋਣ ਨੂੰ ਦੁਹਰਾਇਆ ਅਤੇ ਅੱਗੇ ਵਧਣ ਲਈ, ਗੱਲਬਾਤ ਅਤੇ ਕੂਟਨੀਤੀ ਦੇ ਰਸਤੇ ਨੂੰ ਅਪਨਾਉਣ ਦਾ ਸੱਦਾ ਦਿੱਤਾ।

ਉਨ੍ਹਾਂ ਨੇ ਉਜਾਗਰ ਕੀਤਾ ਕਿ ਭਾਰਤ, ਧੀਰਾਂ ਵਿਚਕਾਰ ਸਾਰੇ ਮੁੱਦਿਆਂ ਦੇ ਛੇਤੀ ਅਤੇ ਸ਼ਾਂਤੀਪੂਰਨ ਹੱਲ ਵਾਸਤੇ ਸਾਰੀਆਂ ਕੋਸ਼ਿਸ਼ਾਂ ਦਾ ਸਮਰਥਨ ਕਰਦਾ ਹੈ। ਉਨ੍ਹਾਂ ਨੇ ਕਿਹਾ ਕਿ ਭਾਰਤ ਸ਼ਾਂਤੀਪੂਰਨ ਹੱਲ ਦੀ ਹਮਾਇਤ ਲਈ ਹਰ ਸੰਭਵ ਕੋਸ਼ਿਸ਼ ਕਰਦਾ ਰਹੇਗਾ।

ਰਾਸ਼ਟਰਪਤੀ ਜ਼ੇਲੇਨਸਕੀ ਨੇ, ਭਾਰਤ ਵਲੋਂ, ਯੂਕਰੇਨ ਦੇ ਲੋਕਾਂ ਦੀ ਨਿਰੰਤਰ ਮਾਨਵਤਾਵਾਦੀ ਸਹਾਇਤਾ ਦੀ ਤਾਰੀਫ ਕੀਤੀ।

ਦੋਵੇਂ ਨੇਤਾਵਾਂ ਨੇ ਸੰਪਰਕ ਵਿੱਚ ਰਹਿਣ 'ਤੇ ਸਹਿਮਤੀ ਪ੍ਰਗਟ ਕੀਤੀ।

**ਨਵੀਂ ਦਿੱਲੀ**

**ਮਾਰਚ 20, 2024**